# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਵੱਲੋਂ

ਜੰਮੂ-ਕਸ਼ਮੀਰ ਵਿਖੇ

ਹੜ੍ਹ ਪੀੜ੍ਹਤਾਂ ਦੀ ਮਦਦ ਲਈ

ਨਿਭਾਈਆਂ ਸੇਵਾਵਾਂ ਸਬੰਧੀ

ਵੱਖ-ਵੱਖ ਅਖ਼ਬਾਰਾਂ ਵਿਚ ਛਪੀਆਂ

ਰਿਪੋਰਟਾਂ ਅਤੇ ਖ਼ਬਰਾਂ

# ਜੰਮੂ ਕਸ਼ਮੀਰ ਦੇ ਹੜ੍ਹ ਪੀੜ੍ਹਤਾਂ ਦੀ ਹਰ ਮੱਦਦ ਲਈ ਤੱਤਪਰ ਹੈ ਸ਼੍ਰੋਮਣੀ ਕਮੇਟੀ : ਜਥੇਦਾਰ ਮੱਕੜ

## ਰਾਹਤ ਸਮੱਗਰੀ ਦੇ ਪੰਜ ਟਰੱਕ ਹੋਰ ਕੀਤੇ ਰਵਾਨਾ, ਪੰਜ ਪਰਿਵਾਰ ਸ੍ਰੀ ਦਰਬਾਰ ਸਾਹਿਬ ਵਿਖੇ ਆਏ



ਬਠਿੰਡਾ 22 ਸਤੰਬਰ (ਅਨਿਲ ਵਰਮਾ): ਜੰਮੂ ਕਸ਼ਮੀਰ ਵਿੱਚ ਆਏ ਹੜ੍ਹਾਂ ਨਾਲ ਅਜਿਹੀ ਤਬਾਹੀ ਮੱਚੀ ਕਿ ਜਿੰਦਗੀ ਰੁਲਦੀ ਹੋਈ ਨਜ਼ਰ ਆਈ ਜਿਸ ਨੂੰ ਬਚਾਉਣ ਅਤੇ ਵਸਾਉਣ ਲਈ ਸਹਾਇਤਾ ਦੇ ਲੱਖਾਂ ਹੱਥ ਅੱਗੇ ਆ ਰਹੇ ਹਨ। ਇਹਨਾ ਹੜ੍ਹ ਪੀੜ੍ਹਤ ਲੋਕਾਂ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੀ ਮਸੀਹਾ ਬਣਕੇ ਸਾਹਮਣੇ ਆਈ ਜਿਸ ਨੇ ਉਸ ਦਿਨ ਤੋਂ ਲੈਕੇ ਹੁਣ ਤੱਕ ਬੇਘਰ ਹੋਏ ਲੋਕਾਂ ਨੂੰ ਲੰਗਰ, ਦਵਾਈਆਂ ਅਤੇ ਬਚਾਉਣ ਲਈ ਯਤਨ ਕੀਤੇ ਜਾ ਰਹੇ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਵਤਾਰ ਸਿੰਘ ਮੱਕੜ ਨੇ ਅੱਜ ਪਹਿਰੇਦਾਰ ਨਾਲ ਵਿਸ਼ੇਸ਼ ਗੱਲਬਾਤ ਦੌਰਾਨ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਜਿੱਥੇ ਹੜ੍ਹ ਪੀੜਤਾਂ ਲਈ ਲੰਗਰ ਸ਼ੁਰੂ ਕੀਤਾ ਹੋਇਆ ਹੈ ਉਥੇ ਹੀ ਰਾਹਤ ਸਮੱਗਰੀ ਦਾ ਸਮਾਨ ਵੀ ਲਗਾਤਾਰ ਭੇਜਿਆ ਜਾ ਰਿਹਾ ਹੈ ਜਿਸ ਲਈ ਅੱਜ ਦਵਾਈਆਂ, ਗਰਮ ਕੱਪੜੇ, ਕੰਬਲ ਅਤੇ ਰਾਹਤ ਸਮੱਗਰੀ ਦੇ ਪੰਜ ਹੋਰ ਟਰੱਕ ਰਵਾਨਾ ਕੀਤੇ ਗਏ ਹਨ ਜਿਸ ਵਿੱਚੋਂ ਦੋ ਟਰੱਕਾਂ ਦਾ ਸਮਾਨ ਉਥੋਂ ਦੇ ਮੁਸਲਮਾਨ ਭਾਈਚਾਰੇ ਵਿੱਚ ਵੰਡਿਆ ਜਾਵੇਗਾ। ਉਹਨਾਂ ਦੱਸਿਆ ਕਿ ਹੜ੍ਹਾਂ ਦੇ ਸ਼ਿਕਾਰ ਪੰਜ ਪਰਿਵਾਰ ਉਹਨਾ ਕੋਲ ਪਹੁੰਚੇ ਤੇ ਉਹਨਾਂ ਪਰਿਵਾਰਾਂ ਨੂੰ ਸ੍ਰੀ ਦਰਬਾਰ ਸਾਹਿਬ ਦੀਆਂ ਵੱਖ ਵੱਖ ਸ਼ਰਾਵਾਂ ਵਿੱਚ ਰਹਿਣ ਲਈ ਕਮਰੇ ਦਿੱਤੇ ਗਏ ਹਨ ਤੇ ਮੱਦਦ ਲਈ 10-10 ਹਜਾਰ ਰੁਪਏ ਦੀ ਨਕਦ ਸਹਾਇਤਾ ਵੀ ਦਿੱਤੀ ਗਈ ਹੈ। ਉਹਨਾਂ ਦੱਸਿਆ ਕਿ 24 ਸਤੰਬਰ ਨੂੰ ਉਹ ਖੁਦ ਵੀ ਜੰਮੂ ਕਸ਼ਮੀਰ ਦੇ ਦੌਰੇ ਤੇ ਪੂਰੀ ਟੀਮ ਨਾਲ ਜਾ ਰਹੇ ਹਨ ਤਾਂ ਜੋ ਉਥੋਂ ਦੇ ਹੜ੍ਹ ਪੀੜਤ ਲੋਕਾਂ ਦੀ ਮੱਦਦ ਕੀਤੀ ਜਾ ਸਕੇ ਤੇ ਸ਼੍ਰੋਮਣੀ ਕਮੇਟੀ ਦੇ ਕੰਮਕਾਜ ਦਾ ਮੁਆਇਨਾ ਵੀ ਕੀਤਾ ਜਾ ਸਕੇ। ਉਹਨਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਹੜ੍ਹ ਪੀੜ੍ਹਤ ਲੋਕਾਂ ਦੀ ਹਰ ਮੱਦਦ ਲਈ ਤਤਪਰ ਹੈ ਤੇ ਨਵੀਂ ਜਿੰਦਗੀ ਵਸਾਉਣ ਲਈ ਹਰ ਸਹਾਇਤਾ ਕੀਤੀ ਜਾਵੇਗੀ। ਉਹਨਾ ਸ਼੍ਰੋਮਣੀ ਕਮੇਟੀ ਦੇ ਸਮੂਹ ਮੈਂਬਰਾਂ, ਵੱਖ ਵੱਖ ਧਾਰਮਿਕ ਜਥੇਬੰਦੀਆਂ, ਸੰਸਥਾਵਾਂ, ਕਲੱਬਾਂ ਨੂੰ ਵੀ ਅਪੀਲ ਕੀਤੀ ਕਿ ਉਹ ਵੀ ਹੜ੍ਹ ਪੀੜ੍ਹਤ ਲੋਕਾਂ ਦੀ ਮੱਦਦ ਲਈ ਅੱਗੇ ਆਉਣ।



ਕਸ਼ਮੀਰ ਦੇ ਹੜ੍ਹ ਪੀੜਤਾਂ ਲਈ ਰਾਹਤ ਸਮੱਗਰੀ ਦੇ ਟਰੱਕ ਰਵਾਨਾ ਕਰਨ ਸਮੇਂ ਜਥੇ: ਅਵਤਾਰ ਸਿੰਘ, ਮਨਜੀਤ ਸਿੰਘ ਅਤੇ ਹੋਰ ਅਧਿਕਾਰੀ। ਤਸਵੀਰ : ਨਿਰਮਲ ਸਟੂਡੀਓ

# ਸ਼੍ਰੋਮਣੀ ਕਮੇਟੀ ਵੱਲੋਂ ਕਸ਼ਮੀਰ ਲਈ ਰਾਹਤ ਸਮੱਗਰੀ ਦੇ 5 ਟਰੱਕ ਰਵਾਨਾ

## ਕੁਦਰਤੀ ਆਫ਼ਤਾਂ ਸਮੇਂ ਮਨੁੱਖਤਾ ਦੀ ਸੇਵਾ ਕਰਦੀ ਰਹੇਗੀ ਸਿੱਖ ਕੌਮ- ਜਥੇ: ਅਵਤਾਰ ਸਿੰਘ

ਅੰਮ੍ਰਿਤਸਰ, 22 ਸਤੰਬਰ (ਬਿਊਰੋ ਚੀਫ)-ਕਸ਼ਮੀਰ 'ਚ ਹੜ੍ਹਾਂ ਕਾਰਨ ਵੱਡੀ ਬਿਪਤਾ ਦਾ ਸਾਹਮਣਾ ਕਰ ਰਹੇ ਲੋਕਾਂ ਦੀ ਸਹਾਇਤਾ ਲਈ ਸ਼ੁਰੂ ਤੋਂ ਯਤਨਸ਼ੀਲ ਸ਼੍ਰੋਮਣੀ ਕਮੇਟੀ ਨੂੰ ਆਲ ਪਾਰਟੀ ਹੁਰੀਅਤ ਕਾਨਫਰੰਸ ਦੇ ਮੁੱਖੀ ਸਈਅਦ ਅਲੀ ਗਿਲਾਨੀ ਵੱਲੋਂ ਮਦਦ ਲਈ ਕੀਤੀ ਅਪੀਲ 'ਤੇ ਅਮਲ ਕਰਦਿਆਂ ਅੱਜ ਪ੍ਰਧਾਨ ਸ਼੍ਰੋਮਣੀ ਕਮੇਟੀ ਜਥੇ: ਅਵਤਾਰ ਸਿੰਘ ਨੇ ਸਥਾਨਕ ਭਾਈ ਗੁਰਦਾਸ ਹਾਲ ਤੋਂ ਸ੍ਰੀਨਗਰ ਲਈ ਰਾਹਤ ਸਮੱਗਰੀ ਦੇ 5 ਟਰੱਕ ਰਵਾਨਾ ਕੀਤੇ, ਜਿਨ੍ਹਾਂ 'ਚੋਂ 2 ਟਰੱਕ ਵਿਸ਼ੇਸ਼ ਤੌਰ 'ਤੇ ਮੁਸਲਿਮ ਭਾਈਚਾਰੇ ਦੀਆਂ ਲੋੜਾਂ ਅਨੁਸਾਰ ਭੇਜੇ ਗਏ ਹਨ। ਜਥੇ: ਅਵਤਾਰ ਸਿੰਘ ਨੇ ਇਸ ਮੌਕੇ ਕਿਹਾ ਕਿ ਸਿੱਖ ਗੁਰੂ ਸਾਹਿਬਾਨ ਵੱਲੋਂ ਬਖਸ਼ੇ ਸਿਧਾਂਤਾਂ ਮੁਤਾਬਿਕ ਦੇਸ਼ 'ਚ ਕਿਸੇ ਵੀ ਕੁਦਰਤੀ ਆਫ਼ਤ ਵੇਲੇ ਸ਼੍ਰੋਮਣੀ ਕਮੇਟੀ ਅਤੇ ਸਿੱਖ ਕੌਮ ਮਨੁੱਖਤਾ ਦੀ ਸੇਵਾ ਲਈ ਅੱਗੇ ਆਉਂਦੀ ਹੈ। ਸ੍ਰੀਨਗਰ ਦੇ ਗੁਰਦੁਆਰਾ ਸ਼ਹੀਦ ਬੁੰਗਾ ਬਡਗਾਮ ਵਿਖੇ ਪ੍ਰਬੰਧਕਾਂ ਦੇ ਸਹਿਯੋਗ ਨਾਲ ਸ਼੍ਰੋਮਣੀ ਕਮੇਟੀ ਵੱਲੋਂ ਲਗਾਤਾਰ ਰਾਹਤ ਕੈਂਪ ਚਲਾਇਆ ਜਾ ਰਿਹਾ ਹੈ, ਜਿਸ 'ਚ ਲੰਗਰ ਦੇ ਨਾਲ-ਨਾਲ ਲੋੜ ਅਨੁਸਾਰ ਮੈਡੀਕਲ ਕੈਂਪ ਲਗਾ ਕੇ ਦਵਾਈਆਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਕਸ਼ਮੀਰ ਗਏ ਸ਼੍ਰੋਮਣੀ ਕਮੇਟੀ ਦੇ ਉੱਚ ਪੱਧਰੀ ਵਫ਼ਦ ਵੱਲੋਂ ਹਾਲਾਤਾਂ ਦਾ ਜਾਇਜ਼ਾ ਲੈਣ ਉਪਰੰਤ ਦੱਸੀਆਂ ਲੋੜਾਂ ਅਨੁਸਾਰ ਅੱਜ ਖਾਣ-ਪੀਣ ਰਸਦ, ਹੋਰ ਜ਼ਰੂਰੀ ਕਰਿਆਨਾ, ਗਰਮ ਕੱਪੜੇ, ਕੰਬਲ ਆਦਿ ਦੇ 5 ਟਰੱਕ ਰਵਾਨਾ ਕੀਤੇ ਗਏ ਹਨ।

ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਵਫ਼ਦ ਕੋਲ ਜ਼ਨਾਬ ਗਿਲਾਨੀ ਵੱਲੋਂ ਕੀਤੀ ਮੰਗ ਦੇ ਆਧਾਰ 'ਤੇ ਮੁਸਲਮਾਨ ਭਰਾਵਾਂ ਲਈ ਇਨ੍ਹਾਂ ਪੰਜ ਟਰੱਕ ਰਾਹਤ ਸਮੱਗਰੀ 'ਚੋਂ ਦੋ ਵਿਸ਼ੇਸ਼ ਟਰੱਕ ਜਿਨ੍ਹਾਂ 'ਚ ਦਵਾਈਆਂ, ਬੱਚਿਆਂ ਲਈ ਖੁਰਾਕ, ਚੌਲ, ਦਾਲਾਂ, ਖੰਡ, ਚਾਹਪੱਤੀ, ਰਸ, ਬਿਸਕੁੱਟ ਤੇ ਕੰਬਲ ਆਦਿ ਹਨ, ਭੇਜੇ ਗਏ ਹਨ। ਉਨ੍ਹਾਂ ਕਿਹਾ ਕਿ ਜੰਮੂ ਕਸ਼ਮੀਰ ਵਿੱਚ ਜਿੰਨੀ ਦੇਰ ਤੱਕ ਹਾਲਾਤ ਆਮ ਵਰਗੇ ਨਹੀਂ ਹੋ ਜਾਂਦੇ ਸ਼੍ਰੋਮਣੀ ਕਮੇਟੀ ਕੀਤੇ ਐਲਾਨ ਮੁਤਾਬਿਕ ਬਿਨ੍ਹਾਂ ਭੇਦ-ਭਾਵ ਹੜ੍ਹ ਪੀੜਤਾਂ ਦੀ ਮਦਦ ਜਾਰੀ ਰੱਖੇਗੀ।

ਵੇਖੋ ਅਜੀਤ ਵੈੱਬ ਟੀ ਵੀ
www.ajittv.com ਜਾਂ youtube.com/ajitwebtv

# ਸ਼੍ਰੋਮਣੀ ਕਮੇਟੀ ਵੱਲੋਂ ਕਸ਼ਮੀਰ ਦੇ ਹਰ ਵਿਦਿਆਰਥੀ ਨੂੰ 5 ਹਜ਼ਾਰ ਦੀ ਸਹਾਇਤਾ ਦਿੱਤੀ ਜਾਵੇਗੀ- ਜਥੇ: ਅਵਤਾਰ ਸਿੰਘ

ਫ਼ਤਹਿਗੜ੍ਹ ਸਾਹਿਬ, 11 ਸਤੰਬਰ (ਭੂਸ਼ਨ ਸੂਦ)-ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਜਥੇ: ਅਵਤਾਰ ਸਿੰਘ ਨੇ ਕਸ਼ਮੀਰ ਵਿੱਚ ਹੜ੍ਹ ਦੀ ਆਈ ਆਫ਼ਤ ਦੇ ਮੱਦੇਨਜ਼ਰ ਐਲਾਨ ਕੀਤਾ ਕਿ ਸ਼੍ਰੋਮਣੀ ਕਮੇਟੀ ਦੇ ਸਮੂਹ ਵਿੱਦਿਅਕ ਅਦਾਰਿਆਂ ਵਿੱਚ ਪੜ੍ਹਨ ਵਾਲੇ ਕਸ਼ਮੀਰ ਦੇ ਵਿਦਿਆਰਥੀਆਂ ਨੂੰ ਸ਼੍ਰੋਮਣੀ ਕਮੇਟੀ 5-5 ਹਜ਼ਾਰ ਰੁਪਏ ਜੇਬ ਖ਼ਰਚੇ ਵਜੋਂ ਦਿੱਤੇ ਜਾਣਗੇ ਤਾਂ ਜੋ ਵਿਦਿਆਰਥੀ ਆਪਣਾ ਖਰਚਾ ਚਲਾ ਸਕਣ, ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਵਲੋਂ ਪੀੜਤਾਂ ਦੀ ਸਹਾਇਤਾ ਲਈ ਜਿੱਥੇ ਲਗਾਤਾਰ ਰਾਹਤ ਸਮੱਗਰੀ ਭੇਜੀ ਜਾ ਰਹੀ ਹੈ ਉਥੇ ਸ਼੍ਰੋਮਣੀ ਕਮੇਟੀ ਵਲੋਂ ਬਿਮਾਰੀ ਨਾਲ ਪੀੜਤ ਹੋਏ ਲੋਕਾਂ ਦਾ ਗੁਰੂ ਰਾਮ ਦਾਸ ਹਸਪਤਾਲ ਤੋਂ ਮੁਫ਼ਤ ਇਲਾਜ ਕਰਵਾਇਆ ਜਾਵੇਗਾ ਅਤੇ ਉਨ੍ਹਾਂ ਦੀ ਰਿਹਾਇਸ਼ ਦਾ ਵੀ ਸ਼੍ਰੋਮਣੀ ਕਮੇਟੀ ਹੀ ਪ੍ਰਬੰਧ ਕਰੇਗੀ। ਉਹ ਅੱਜ ਇੱਥੇ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਦੇ ਸਟਾਫ਼ ਵਲੋਂ ਰਾਹਤ ਸਮਗਰੀ ਦੇ 2 ਟਰੱਕਾਂ ਨੂੰ ਕਸ਼ਮੀਰ ਲਈ ਰਵਾਨਾ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਇਸ ਮੌਕੇ ਪਟਿਆਲਾ ਨਿਵਾਸੀ ਪਰਮਜੀਤ ਸਿੰਘ ਗੋਨਾ ਨੇ ਕੱਪੜਿਆਂ ਦਾ ਇੱਕ ਟਰੱਕ ਭੇਜਣ ਦਾ ਵੀ ਐਲਾਨ ਕੀਤਾ।

# ਜਥੇਦਾਰ ਅਵਤਾਰ ਸਿੰਘ ਨੇ ਜੰਮੂ-ਕਸ਼ਮੀਰ ਦੇ ਹੜ ਪੀੜਤ ਇਲਾਕਿਆਂ ਦਾ ਦੌਰਾ ਕਰਕੇ ਯਥਾਸ਼ਕਤੀ ਸਹਾਇਤਾ ਕਰਨ ਦਾ ਭਰੋਸਾ ਦਿੱਤਾ-ਬੁਲਾਰਾ

ਅੰਮ੍ਰਿਤਸਰ 26 ਸਤੰਬਰ-ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਜੰਮੂ-ਕਸ਼ਮੀਰ ਦੇ ਸ੍ਰੀਨਗਰ ਵਿੱਚ ਵੱਖ-ਵੱਖ ਹੜ -ਪੀੜਤ ਇਲਾਕਿਆਂ ਦਾ ਦੌਰਾ ਕੀਤਾ। ਦਫਤਰ ਤੋਂ ਜਾਰੀ ਪ੍ਰੈਸ ਨੋਟ ਰਾਹੀਂ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਤੇ ਵਧੀਕ ਸਕੱਤਰ ਸ੍ਰ: ਦਿਲਜੀਤ ਸਿੰਘ ਬੇਦੀ ਨੇ ਦੱਸਿਆ ਕਿ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਗੁਰਦੁਆਰਾ ਸ਼ਹੀਦ ਬੁੰਗਾ ਬਡਗਾਮ, ਅਲੂਚੀ ਬਾਗ, ਰਾਮਬਾਗ ਅਤੇ ਜਵਾਹਰ ਨਗਰ ਇਲਾਕਿਆਂ ਜਿਨ੍ਹਾਂ ਵਿੱਚ ਹੜ੍ਹਾਂ ਕਾਰਣ ਭਾਰੀ ਬਰਬਾਦੀ ਹੋਈ ਹੈ ਦਾ ਦੌਰਾ ਕੀਤਾ ਤੇ ਹਰ ਧਰਮ ਦੇ ਲੋਕਾਂ ਦਾ ਹਾਲ-ਚਾਲ ਪੁੱਛਿਆ ਤੇ ਉਨ੍ਹਾਂ ਨੂੰ ਧੀਰਜ ਵੀ ਦਿੱਤਾ। ਜਥੇਦਾਰ ਅਵਤਾਰ ਸਿੰਘ ਨੇ ਇਸ ਸਮੇਂ ਕਿਹਾ ਕਿ ਸ਼੍ਰੋਮਣੀ ਕਮੇਟੀ ਬਿਨਾਂ ਕਿਸੇ ਭੇਦ ਭਾਵ ਦੇ ਪਹਿਲੇ ਦਿਨ ਤੋਂ ਹੀ ਸਭ ਨੂੰ ਪੱਕਿਆ ਰਾਸ਼ਨ, ਸੁੱਕੀ ਰਸਦ (ਚਾਵਲ, ਆਟਾ, ਦਾਲਾਂ, ਚਾਹਪੱਤੀ, ਖੰਡ, ਬੱਚਿਆਂ ਲਈ ਸੁੱਕਾ ਦੁੱਧ, ਫੀਡਰ ਬੋਤਲਾਂ), ਰਜਾਈਆਂ, ਤਲਾਈਆਂ, ਕੰਬਲ, ਗਰਮ ਤੇ ਸਰਦ ਕੱਪੜੇ ਅਤੇ ਫਰੀ ਦਵਾਈਆਂ ਆਦਿ ਮੁਹੱਈਆ ਕਰਵਾ ਰਹੀ ਹੈ ਤੇ ਸ਼੍ਰੋਮਣੀ ਕਮੇਟੀ ਦੁਆਰਾ ਚਲਾਏ ਜਾ ਰਹੇ ਸਕੂਲਾਂ/ਕਾਲਜਾਂ ਵਿੱਚ ਪੜ ਰਹੇ ਜੰਮੂ-ਕਸ਼ਮੀਰ ਦੇ ਹੜ ਪੀੜਤ ਪ੍ਰੀਵਾਰਾਂ ਦੇ ਬੱਚੇ-ਬੱਚੀਆਂ ਨੂੰ 5-5 ਹਜ਼ਾਰ ਰੁਪਏ ਜੇਬ ਖਰਚ ਨਗਦ ਸਹਾਇਤਾ ਵੀ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਸਹਾਇਤਾ ਉਦੋਂ ਤੱਕ ਜਾਰੀ ਰਹੇਗੀ ਜਦੋਂ ਤੱਕ ਜੰਮੂ-ਕਸ਼ਮੀਰ ਦੇ ਲੋਕ ਪੂਰੀ ਤਰ੍ਹਾਂ ਸੁਰੱਖਿਅਤ ਨਹੀਂ ਹੋ ਜਾਂਦੇ। ਸ੍ਰ: ਬੇਦੀ ਨੇ ਦੱਸਿਆ ਕਿ ਜੰਮੂ-ਕਸ਼ਮੀਰ ਦੇ ਸਭ ਧਰਮਾਂ ਦੇ ਲੋਕਾਂ ਨੇ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਦਾ ਧੰਨਵਾਦ ਕਰਦੇ ਹੋਏ ਉਨ੍ਹਾਂ ਵੱਲੋਂ ਹੜ -ਪੀੜਤ ਲੋਕਾਂ ਲਈ ਕੀਤੇ ਜਾ ਰਹੇ ਰਾਹਤ-ਕਾਰਜਾਂ (ਬਾਕੀ ਸਫਾ 2 ਤੇ)



**ਜਥੇਦਾਰ ਅਵਤਾਰ ਸਿੰਘ......**

**ਸਫ਼ਾ 1 ਦਾ ਬਾਕੀ**

ਦੀ ਸ਼ਲਾਘਾ ਕੀਤੀ। ਹੜ ਪ੍ਰਭਾਵਿਤ ਲੋਕਾਂ ਨੇ ਮੰਗ ਕੀਤੀ ਕਿ ਹੜ੍ਹਾਂ ਕਾਰਣ ਸਾਡੀ ਜੋ ਬਰਬਾਦੀ ਹੋਈ ਹੈ ਵਿਸ਼ਵਾਸ ਦਿਵਾਇਆ ਕਿ ਸ਼੍ਰੋਮਣੀ ਕਮੇਟੀ ਵਲੋਂ ਯਥਾਸ਼ਕਤ ਜੋ ਸਹਾਇਤਾ ਹੋ ਸਕਦੀ ਹੈ ਕਰਾਂਗੇ। ਇਸ ਮੌਕੇ ਜਥੇਦਾਰ ਅਵਤਾਰ ਸਿੰਘ ਨਾਲ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ੍ਰ: ਰੂਪ ਸਿੰਘ ਅਤੇ ਸ੍ਰ: ਸਤਬੀਰ ਸਿੰਘ, ਵਧੀਕ ਸਕੱਤਰ ਸ੍ਰ: ਦਿਲਜੀਤ ਸਿੰਘ ਬੇਦੀ, ਸ੍ਰ: ਪਰਮਜੀਤ ਸਿੰਘ ਸਰੋਆ, ਸ੍ਰ: ਜਗਜੀਤ ਸਿੰਘ ਮੀਤ ਸਕੱਤਰ, ਸ੍ਰ: ਪ੍ਰਤਾਪ ਸਿੰਘ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰ: ਰਜਿੰਦਰ ਸਿੰਘ ਰੂਬੀ ਅਟਾਰੀ ਮੈਨੇਜਰ ਗੁਰਦੁਆਰਾ ਸਤਲਾਣੀ ਸਾਹਿਬ, ਸ੍ਰ: ਇੰਦਰ ਮੋਹਣ ਸਿੰਘ 'ਅਨਜਾਣ' ਸ੍ਰ: ਜਤਿੰਦਰ ਸਿੰਘ, ਸ੍ਰ: ਅੰਮ੍ਰਿਤਪਾਲ ਸਿੰਘ, ਸ੍ਰ: ਗੁਰਜੀਤ ਸਿੰਘ ਦੱਤਾ ਪ੍ਰਧਾਨ ਗੁਰਦੁਆਰਾ ਸ਼ਹੀਦ ਬੁੰਗਾ ਬਡਗਾਮ, ਸ੍ਰ: ਰਜਿੰਦਰ ਸਿੰਘ ਲੱਕੀ, ਸ੍ਰ: ਬਲਦੇਵ ਸਿੰਘ, ਸ੍ਰ: ਜਸਪਾਲ ਸਿੰਘ, ਸ੍ਰ: ਸਵਿੰਦਰ ਸਿੰਘ ਮੀਤ ਪ੍ਰਧਾਨ, ਗੁਰਦੁਆਰਾ ਕਮੇਟੀ ਬਡਗਾਮ ਸ੍ਰ: ਚਰਨਜੀਤ ਸਿੰਘ ਚੰਨੀ, ਸ੍ਰ: ਗੁਰਮੀਤ ਸਿੰਘ ਜਨਰਲ ਸਕੱਤਰ ਗੁ: ਕਮੇਟੀ ਆਦਿ ਹਾਜ਼ਰ ਸਨ। ਜੰਮੂ-ਕਸ਼ਮੀਰ ਵਿੱਚ ਹੜ੍ਹਾਂ ਕਾਰਨ ਆਏ ਕੁਦਰਤੀ ਕਹਿਰ ਤੋਂ ਬਾਅਦ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀਨਗਰ (ਜੰਮੂ-ਕਸ਼ਮੀਰ) ਦੇ ਵੱਖ-ਵੱਖ ਇਲਾਕਿਆਂ ਵਿੱਚ ਮੈਡੀਕਲ ਕੈਂਪ ਲਗਾਏ ਜਾ ਰਹੇ ਹਨ। ਸ਼੍ਰੋਮਣੀ ਕਮੇਟੀ ਦੇ ਬੁਲਾਰੇ ਤੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਪ੍ਰੈਸ ਨੋਟ ਰਾਹੀਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ, ਵੱਲਾ ਵੱਲੋਂ ਡਾਕਟਰਾਂ ਦੀਆਂ ਸਪੈਸ਼ਲ ਟੀਮਾਂ ਭੇਜ ਕੇ ਹੜ ਪੀੜਤ ਲੋਕਾਂ ਦਾ ਫਰੀ ਇਲਾਜ ਕੀਤਾ ਜਾ ਰਿਹਾ ਹੈ ਇਨ੍ਹਾਂ ਟੀਮਾਂ ਵਿੱਚ ਹੱਡੀਆਂ ਦੇ ਰੋਗਾਂ ਦੇ ਮਾਹਿਰ, ਬੱਚਿਆਂ ਦੀਆਂ ਬੀਮਾਰੀਆਂ ਦੇ ਮਾਹਿਰ ਅਤੇ ਦਵਾਈਆਂ ਦੇ ਮਾਹਿਰ ਡਾਕਟਰਾਂ ਦੁਆਰਾ ਮਰੀਜ਼ਾਂ ਦਾ ਇਲਾਜ ਕੀਤਾ ਜਾ ਰਿਹਾ ਹੈ ਸ. ਬੇਦੀ ਨੇ ਦੱਸਿਆਂ ਕਿ ਇਹ ਟੀਮਾਂ ਗੁਰਦੁਆਰਾ ਸ਼ਹੀਦ ਬੁੰਗਾ, ਬਡਗਾਮ ਅਲੂਚੀ ਬਾਗ, ਰਾਮਬਾਗ, ਬਿਮਨਾ ਅਤੇ ਜਵਾਹਰ ਨਗਰ ਆਦਿ ਇਲਾਕਿਆਂ ਵਿੱਚ ਕੈਂਪ ਲਗਾ ਕੇ ਬਿਨਾ ਕਿਸੇ ਭੇਦਭਾਵ ਦੇ ਹਰ ਵਰਗ ਦੇ ਲੋਕਾਂ ਦਾ ਇਲਾਜ ਕਰ ਰਹੀਆਂ ਹਨ ਤੇ ਡਾਕਟਰਾਂ ਦੀ ਮੰਗ ਅਨੁਸਾਰ ਹੁਣ ਤੱਕ ਲਗਭਗ 5 ਲੱਖ ਤੋਂ ਵੱਧ ਦੀਆਂ ਦਵਾਈਆਂ ਦਿੱਤੀਆਂ ਜਾ ਚੁੱਕੀਆਂ ਹਨ ਉਨ੍ਹਾਂ ਕਿਹਾ ਕਿ ਬਾਕੀ ਇਲਾਕਿਆਂ ਵਿੱਚ ਵੀ ਵੱਖ-ਵੱਖ ਰੋਗਾਂ ਦੇ ਮਾਹਰ ਡਾਕਟਰਾਂ ਦੀਆਂ ਟੀਮਾਂ ਭੇਜੀਆਂ ਜਾਣਗੀਆਂ ਉਨ੍ਹਾਂ ਕਿਹਾ ਕਿ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੰਭੀਰ ਰੂਪ ਵਿੱਚ ਬਿਮਾਰ ਤਿੰਨ ਵਿਅਕਤੀਆਂ ਨੂੰ ਦਿੱਲੀ ਦੇ ਹਸਪਤਾਲ ਵਿੱਚ ਇਲਾਜ ਕਰਾਉਣ ਦੀ ਸ਼੍ਰੋਮਣੀ ਕਮੇਟੀ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕਰ ਦਿੱਤੀਆਂ ਹਨ। ਇਸ ਮੌਕੇ ਜਥੇਦਾਰ ਅਵਤਾਰ ਸਿੰਘ ਨਾਲ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ੍ਰ: ਰੂਪ ਸਿੰਘ ਅਤੇ ਸ੍ਰ: ਸਤਬੀਰ ਸਿੰਘ, ਵਧੀਕ ਸਕੱਤਰ ਸ੍ਰ: ਦਿਲਜੀਤ ਸਿੰਘ ਬੇਦੀ, ਸ੍ਰ: ਪਰਮਜੀਤ ਸਿੰਘ ਸਰੋਆ, ਸ੍ਰ: ਜਗਜੀਤ ਸਿੰਘ ਮੀਤ ਸਕੱਤਰ, ਸ੍ਰ: ਪ੍ਰਤਾਪ ਸਿੰਘ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰ: ਰਜਿੰਦਰ ਸਿੰਘ ਰੂਬੀ ਅਟਾਰੀ ਮੈਨੇਜਰ ਗੁਰਦੁਆਰਾ ਸਤਲਾਣੀ ਸਾਹਿਬ, ਸ੍ਰ: ਇੰਦਰ ਮੋਹਣ ਸਿੰਘ 'ਅਨਜਾਣ' ਸ੍ਰ: ਜਤਿੰਦਰ ਸਿੰਘ, ਸ੍ਰ: ਅੰਮ੍ਰਿਤਪਾਲ ਸਿੰਘ, ਸ੍ਰ: ਗੁਰਜੀਤ ਸਿੰਘ ਦੱਤਾ ਪ੍ਰਧਾਨ ਗੁਰਦੁਆਰਾ ਸ਼ਹੀਦ ਬੁੰਗਾ

# ਹੜ੍ਹ ਵਾਲੇ ਇਲਾਕਿਆਂ 'ਚ ਮਦਦ ਦਾ ਦਿੱਤਾ ਭਰੋਸਾ

ਸਟਾਫ ਰਿਪੋਰਟਰ, ਅੰਮ੍ਰਿਤਸਰ: ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਜੰਮੂ-ਕਸ਼ਮੀਰ ਦੇ ਸ੍ਰੀਨਗਰ ਵਿੱਚ ਵੱਖ-ਵੱਖ ਹੜ੍ਹ-ਪੀੜਤ ਇਲਾਕਿਆਂ ਦਾ ਦੌਰਾ ਕੀਤਾ। ਸ਼੍ਰੋਮਣੀ ਕਮੇਟੀ ਦੇ ਬੁਲਾਰੇ ਤੇ ਵਧੀਕ ਸਕੱਤਰ ਦਿਲਜੀਤ ਸਿੰਘ ਬੇਦੀ ਨੇ ਦੱਸਿਆ ਕਿ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਗੁਰਦੁਆਰਾ ਸ਼ਹੀਦ ਬੁੰਗਾ ਬਡਗਾਮ, ਅਲੂਚੀ ਬਾਗ, ਰਾਮਬਾਗ ਅਤੇ ਜਵਾਹਰ ਨਗਰ ਇਲਾਕਿਆਂ ਜਿਨ੍ਹਾਂ ਵਿੱਚ ਹੜ੍ਹਾਂ ਕਾਰਣ ਭਾਰੀ ਬਰਬਾਦੀ ਹੋਈ ਹੈ ਦਾ ਦੌਰਾ ਕੀਤਾ ਤੇ ਹਰ ਧਰਮ ਦੇ ਲੋਕਾਂ ਦਾ ਹਾਲ-ਚਾਲ ਪੁੱਛਿਆ ਤੇ ਉਨ੍ਹਾਂ ਨੂੰ ਧੀਰਜ ਵੀ ਦਿੱਤਾ।

ਜਥੇਦਾਰ ਅਵਤਾਰ ਸਿੰਘ ਨੇ ਇਸ ਸਮੇਂ ਕਿਹਾ ਕਿ ਸ਼੍ਰੋਮਣੀ ਕਮੇਟੀ ਬਿਨਾਂ ਕਿਸੇ ਭੇਦ ਭਾਵ ਦੇ ਪਹਿਲੇ ਦਿਨ ਤੋਂ ਹੀ ਸਭ ਨੂੰ ਪੱਕਿਆ ਰਾਸ਼ਨ, ਸੁੱਕੀ ਰਸਦ ਤੇ ਫਰੀ ਦਵਾਈਆਂ ਆਦਿ ਮੁਹੱਈਆ ਕਰਵਾ ਰਹੀ ਹੈ ਤੇ ਸ਼੍ਰੋਮਣੀ ਕਮੇਟੀ ਦੁਆਰਾ ਚਲਾਏ ਜਾ ਰਹੇ ਸਕੂਲਾਂ/ਕਾਲਜਾਂ ਵਿੱਚ ਪੜ੍ਹ ਰਹੇ ਜੰਮੂ-ਕਸ਼ਮੀਰ ਦੇ ਹੜ੍ਹ ਪੀੜਤ ਪਰਿਵਾਰਾਂ ਦੇ ਬੱਚੇ-ਬੱਚੀਆਂ ਨੂੰ 5-5 ਹਜ਼ਾਰ ਰੁਪਏ ਜੇਬ ਖਰਚ ਨਗਦ ਸਹਾਇਤਾ ਵੀ ਦੇ ਰਹੀ ਹੈ।

ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਉਹ ਖੁਦ ਵੀ ਜੰਮੂ-ਕਸ਼ਮੀਰ ਦੇ ਮੁੱਖ ਮੰਤਰੀ ਜਨਾਬ ਉਮਰ ਅਬਦੁੱਲਾ ਨਾਲ ਗੱਲਬਾਤ ਕਰਨਗੇ ਅਤੇ ਪੰਜਾਬ ਦੇ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨੂੰ ਮਿਲ ਕੇ ਵੀ ਜੰਮੂ-ਕਸ਼ਮੀਰ ਦੀ ਸਰਕਾਰ ਨਾਲ ਹੜ੍ਹ-ਪੀੜਤ ਲੋਕਾਂ ਦੀ ਹਰ ਪ੍ਰਕਾਰ ਦੀ ਸਹਾਇਤਾ ਅਤੇ ਮੁੜ ਵਸੇਬੇ ਲਈ ਗੱਲਬਾਤ ਕਰਨ ਲਈ ਕਹਿਣਗੇ।

ਇਸ ਮੌਕੇ ਜਥੇਦਾਰ ਅਵਤਾਰ ਸਿੰਘ ਨਾਲ ਸ਼੍ਰੋਮਣੀ ਕਮੇਟੀ ਦੇ ਸਕੱਤਰ ਰੂਪ ਸਿੰਘ ਤੇ ਸਤਬੀਰ ਸਿੰਘ, ਵਧੀਕ ਸਕੱਤਰ ਦਿਲਜੀਤ ਸਿੰਘ ਬੇਦੀ, ਪਰਮਜੀਤ ਸਿੰਘ ਸਰੋਆ, ਜਗਜੀਤ ਸਿੰਘ ਮੀਤ ਸਕੱਤਰ, ਪ੍ਰਤਾਪ ਸਿੰਘ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਰਜਿੰਦਰ ਸਿੰਘ ਰੂਬੀ ਅਟਾਰੀ ਮੈਨੇਜਰ ਗੁਰਦੁਆਰਾ ਸਤਲਾਣੀ ਸਾਹਿਬ, ਇੰਦਰ ਮੋਹਣ ਸਿੰਘ 'ਅਨਜਾਣ' ਜਤਿੰਦਰ ਸਿੰਘ, ਅੰਮ੍ਰਿਤਪਾਲ ਸਿੰਘ, ਗੁਰਜੀਤ ਸਿੰਘ ਦੱਤਾ ਪ੍ਰਧਾਨ ਗੁਰਦੁਆਰਾ ਸ਼ਹੀਦ ਬੁੰਗਾ ਬਡਗਾਮ, ਰਜਿੰਦਰ ਸਿੰਘ ਲੱਕੀ, ਬਲਦੇਵ ਸਿੰਘ, ਜਸਪਾਲ ਸਿੰਘ, ਸਵਿੰਦਰ ਸਿੰਘ ਮੀਤ ਪ੍ਰਧਾਨ, ਗੁਰਦੁਆਰਾ ਕਮੇਟੀ ਬਡਗਾਮ ਚਰਨਜੀਤ ਸਿੰਘ ਚੰਨੀ, ਗੁਰਮੀਤ ਸਿੰਘ ਜਨਰਲ ਸਕੱਤਰ ਗੁ: ਕਮੇਟੀ ਆਦਿ ਹਾਜ਼ਰ ਸਨ।



**ਰਾਮਬਾਗ ਇਲਾਕੇ ਵਿਖੇ ਹੜ ਪੀੜਤਾਂ ਨਾਲ ਜਥੇਦਾਰ ਅਵਤਾਰ ਸਿੰਘ ਅਤੇ ਹੋਰ।**

# ਸ਼੍ਰੋਮਣੀ ਕਮੇਟੀ ਵੱਲੋਂ ਹੜ੍ਹ ਪੀੜਤਾਂ ਲਈ ਸ੍ਰੀਨਗਰ ਵਿੱਚ ਰਾਹਤ ਕੈਂਪ

## ਗੁਰਦੁਆਰਾ ਸ਼ਹੀਦ ਬੁੰਗਾ ਵਿੱਚ ਲਾਇਆ ਕੈਂਪ • ਪੀੜਤਾਂ ਲਈ ਹਵਾਈ ਜਹਾਜ਼ ਰਾਹੀਂ ਭੇਜੀ ਸਮੱਗਰੀ

**ਟ੍ਰਿਬਿਊਨ ਨਿਊਜ਼ ਸਰਵਿਸ**
ਅੰਮ੍ਰਿਤਸਰ, 10 ਸਤੰਬਰ

ਜੰਮੂ ਕਸ਼ਮੀਰ ਵਿੱਚ ਆਏ ਹੜ੍ਹ ਕਾਰਨ ਪ੍ਰਭਾਵਿਤ ਹੋਏ ਲੋਕਾਂ ਨੂੰ ਰਾਹਤ ਦੇਣ ਦੇ ਮੰਤਵ ਨਾਲ ਸ਼੍ਰੋਮਣੀ ਕਮੇਟੀ ਨੇ ਸ੍ਰੀ ਨਗਰ ਸਥਿਤ ਗੁਰਦੁਆਰਾ ਸ਼ਹੀਦ ਬੁੰਗਾ ਵਿਖੇ ਰਾਹਤ ਕੈਂਪ ਸਥਾਪਤ ਕਰ ਦਿੱਤਾ ਹੈ ਅਤੇ ਜਲਦੀ ਹੀ ਹੋਰ ਸੁਰੱਖਿਅਤ ਥਾਵਾਂ 'ਤੇ ਅਜਿਹੇ ਰਾਹਤ ਕੈਂਪ ਸਥਾਪਤ ਕੀਤੇ ਜਾਣਗੇ। ਸ੍ਰੀ ਨਗਰ ਦੇ ਵੱਖ ਵੱਖ ਇਲਾਕਿਆਂ ਵਿੱਚ ਲੋਕ ਹੜ੍ਹਾਂ ਵਿੱਚ ਘਿਰੇ ਹੋਏ ਹਨ, ਜਿਨ੍ਹਾਂ ਨੂੰ ਤੁਰੰਤ ਮਦਦ ਦੀ ਵੱਡੀ ਲੋੜ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ੍ਰੀ ਨਗਰ ਗਈ ਸ਼੍ਰੋਮਣੀ ਕਮੇਟੀ ਦੀ ਟੀਮ ਦੇ ਮੈਂਬਰਾਂ ਨੇ ਕੀਤਾ ਹੈ। ਇਸ ਦੌਰਾਨ ਸ਼੍ਰੋਮਣੀ ਕਮੇਟੀ ਵੱਲੋਂ ਅੱਜ ਮੁੜ ਹਵਾਈ ਜਹਾਜ਼ ਰਾਹੀਂ ਸ੍ਰੀ ਨਗਰ ਵਿਖੇ ਰਾਹਤ ਸਮੱਗਰੀ ਭੇਜੀ ਗਈ ਹੈ ਅਤੇ ਕੱਲ੍ਹ ਪੁੰਛ ਇਲਾਕੇ ਵਿੱਚ ਰਾਹਤ ਸਮੱਗਰੀ ਭੇਜੀ ਜਾਵੇਗੀ।

ਟੀਮ ਦੀ ਅਗਵਾਈ ਕਰ ਰਹੇ ਵਧੀਕ ਸਕੱਤਰ ਦਲਜੀਤ ਸਿੰਘ ਬੇਦੀ ਨੇ ਦੱਸਿਆ ਕਿ ਗੁਰਦੁਆਰਾ ਸ਼ਹੀਦ ਪਰਿਵਾਰ ਵਿਖੇ ਰਾਹਤ ਕੈਂਪ ਸਥਾਪਤ ਕੀਤਾ ਗਿਆ ਹੈ, ਜਿਥੇ ਪੰਜ ਤੋਂ ਛੇ ਹਜ਼ਾਰ ਵਿਅਕਤੀਆਂ ਨੂੰ ਰਾਹਤ ਸਮੱਗਰੀ ਦਿੱਤੀ ਗਈ ਹੈ। ਉਨ੍ਹਾਂ ਨੇ ਤੁਰੰਤ ਹੋਰ ਲੋੜੀਂਦਾ ਸਮਾਨ ਸ਼੍ਰੋਮਣੀ ਕਮੇਟੀ ਨੂੰ ਭੇਜਣ ਲਈ ਅਪੀਲ ਕੀਤੀ ਹੈ, ਜਿਸ ਵਿੱਚ ਪੀਣ ਵਾਲੇ ਪਾਣੀ ਦੀਆਂ ਬੋਤਲਾਂ, ਬੱਚਿਆਂ ਵਾਸਤੇ ਦੁੱਧ ਦੇ ਪੈਕੇਟ, ਆਟਾ, ਕੱਪੜੇ ਤੇ ਹੋਰ ਸਮਾਨ ਸ਼ਾਮਲ ਹੈ। ਉਨ੍ਹਾਂ ਦੱਸਿਆ ਕਿ ਸ੍ਰੀਨਗਰ ਵਿੱਚ ਕੁਲ 18 ਗੁਰਦੁਆਰੇ ਹਨ, ਜਿਨ੍ਹਾਂ ਵਿਚੋਂ 16 ਗੁਰਦੁਆਰੇ ਵਧੇਰੇ ਪਾਣੀ ਆਉਣ ਕਾਰਨ ਪ੍ਰਭਾਵਿਤ ਹੋਏ ਹਨ। ਇਨ੍ਹਾਂ ਗੁਰਦੁਆਰਿਆਂ ਵਿਚੋਂ ਪਾਵਨ ਸਰੂਪ ਉਪਰਲੀਆਂ ਮੰਜ਼ਿਲਾਂ 'ਤੇ ਸੁਰੱਖਿਅਤ ਰੱਖੇ ਗਏ ਹਨ।

ਦੂਜੇ ਪਾਸੇ ਅੱਜ ਸ਼੍ਰੋਮਣੀ ਕਮੇਟੀ ਵੱਲੋਂ ਹਵਾਈ ਜਹਾਜ਼ ਰਾਹੀਂ ਰਾਹਤ ਸਮੱਗਰੀ ਦੀ ਦੂਜੀ ਖੇਪ ਭੇਜੀ ਗਈ ਹੈ, ਜਿਸ ਵਿੱਚ 600 ਕੰਬਲ, ਪ੍ਰਸ਼ਾਦੇ, ਨਿਊਟਰੀ, ਸਾਬਣ ਤੇ ਹੋਰ ਸਮਾਨ ਸ਼ਾਮਲ ਹੈ। ਇਸ ਸਬੰਧੀ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਨੇ ਦੱਸਿਆ ਕਿ ਅੱਜ ਸ਼੍ਰੋਮਣੀ ਕਮੇਟੀ ਦੇ ਤਿਨ ਹੋਰ ਕਰਮਚਾਰੀ ਰਾਹਤ ਕੈਂਪ ਵਿੱਚ ਮਦਦ ਲਈ ਰਵਾਨਾ ਹੋਏ ਹਨ ਅਤੇ ਕੱਲ ਮੁੜ 12 ਮੈਂਬਰੀ ਟੀਮ ਸ੍ਰੀ ਨਗਰ ਜਾਵੇਗੀ, ਜੋ ਉਥੇ ਰਾਹਤ ਕੈਂਪਾਂ ਦੀ ਨਿਗਰਾਨੀ ਕਰੇਗੀ। ਉਨ੍ਹਾਂ ਐਲਾਨ ਕੀਤਾ ਕਿ ਸ਼੍ਰੋਮਣੀ ਕਮੇਟੀ ਜੰਮੂ ਕਸ਼ਮੀਰ ਦੇ ਪ੍ਰਭਾਵਿਤ ਇਲਾਕਿਆਂ ਵਿੱਚ ਹੋਰ ਥਾਵਾਂ 'ਤੇ ਵੀ ਰਾਹਤ ਕੈਂਪ ਲਾਵੇਗੀ ਅਤੇ ਇਹ ਰਾਹਤ ਕੈਂਪ ਹਾਲਾਤ ਠੀਕ ਹੋਣ ਤੱਕ ਜਾਰੀ ਰਹਿਣਗੇ। ਇਸ ਟੀਮ ਦੀ ਅਗਵਾਈ ਜੂਨੀਅਰ ਮੀਤ ਪ੍ਰਧਾਨ ਕੇਵਲ ਸਿੰਘ ਬਾਦਲ ਕਰਨਗੇ। ਟੀਮ ਵਿਚ ਕਰਨੈਲ ਸਿੰਘ ਪੰਜੋਲੀ, ਨਿਰਮਲ ਸਿੰਘ ਜੋਲਾ, ਮੋਹਨ ਸਿੰਘ, ਸਕੱਤਰ ਦਲਮੇਘ ਸਿੰਘ ਸ਼ਾਮਲ ਹਨ। ਇਹ ਟੀਮ ਜਹਾਜ਼ ਰਾਹੀਂ ਰਾਹਤ ਸਮੱਗਰੀ ਲੈ ਕੇ ਜਾਵੇਗੀ। ਇਸ ਮੌਕੇ ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਸ੍ਰੀ ਨਗਰ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਤੋਂ ਜੇਕਰ ਕੋਈ ਮਰੀਜ਼ ਅੰਮ੍ਰਿਤਸਰ ਆਉਂਦਾ ਹੈ ਤਾਂ ਸ਼੍ਰੋਮਣੀ ਕਮੇਟੀ ਵੱਲੋਂ ਉਸਦਾ ਇਲਾਜ ਮੁਫਤ ਕੀਤਾ ਜਾਵੇਗਾ।



ਸ੍ਰੀਨਗਰ ਦੇ ਗੁਰਦੁਆਰਾ ਸ਼ਹੀਦ ਬੁੰਗਾ ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਲਾਏ ਗਏ ਰਾਹਤ ਕੈਂਪ ਦਾ ਦ੍ਰਿਸ਼। ਫੋਟੋ: ਪੰਜਾਬੀ ਟ੍ਰਿਬਿਊਨ

### ਦੋ ਦਿਨ ਦੀ ਤਨਖ਼ਾਹ ਦਾਨ ਦੇਣਗੇ ਸ਼੍ਰੋਮਣੀ ਕਮੇਟੀ ਦੇ ਕਰਮਚਾਰੀ

ਸ਼੍ਰੋਮਣੀ ਕਮੇਟੀ ਦੇ ਸਮੂਹ ਕਰਮਚਾਰੀਆਂ ਨੇ ਆਪਣੇ ਦੋ ਦਿਨ ਦੀ ਤਨਖ਼ਾਹ ਜੰਮੂ ਕਸ਼ਮੀਰ ਰਾਹਤ ਫੰਡ ਵਿਚ ਦੇਣ ਦਾ ਫੈਸਲਾ ਕੀਤਾ ਹੈ। ਇਸ ਦਾ ਖੁਲਾਸਾ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਨੇ ਕਰਦਿਆਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਸਮੂਹ ਮੁਲਾਜ਼ਮਾਂ ਨੇ ਸਵੈ ਇੱਛਾ ਨਾਲ ਇਹ ਪੇਸ਼ਕਸ਼ ਕੀਤੀ ਹੈ, ਜਿਸ ਤਹਿਤ ਸਮੂਹ ਮੁਲਾਜ਼ਮਾਂ ਦੀ ਦੋ ਦਿਨਾਂ ਦੀ ਤਨਖਾਹ ਰਾਹਤ ਕਾਰਜਾਂ ਲਈ ਖਰਚ ਕੀਤੀ ਜਾਵੇਗੀ।

# ਸ਼੍ਰੋਮਣੀ ਕਮੇਟੀ ਨੇ ਜੰਮੂ-ਕਸ਼ਮੀਰ ਦੇ ਹੜ੍ਹ ਪੀੜਤਾਂ ਲਈ ਦੂਸਰੇ ਦਿਨ ਵੀ ਰਾਹਤ ਸਮੱਗਰੀ ਭੇਜੀ

## *ਸ਼੍ਰੋਮਣੀ ਕਮੇਟੀ ਦੇ ਸਮੁੱਚੇ ਮੁਲਾਜ਼ਮ ਜੰਮੂ-ਕਸ਼ਮੀਰ ਦੇ ਹੜ੍ਹ ਪੀੜਤਾਂ ਲਈ ਦੋ ਦਿਨ ਦੀ ਤਨਖਾਹ ਰਿਲੀਫ ਫੰਡ 'ਚ ਦੇਣਗੇ : ਜਥੇ:ਅਵਤਾਰ ਸਿੰਘ*

ਅੰਮ੍ਰਿਤਸਰ, 10 ਸਤੰਬਰ (ਗੁਰਦਿਆਲ ਸਿੰਘ): ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਜੰਮੂ-ਕਸ਼ਮੀਰ ਵਿੱਚ ਆਏ ਭਿਆਨਕ ਹੜ੍ਹਾਂ ਨੂੰ ਵੱਡੀ ਕੌਮੀ ਆਫ਼ਤਾ ਕਰਾਰ ਦੇਂਦਿਆਂ ਹੋਇਆ ਕਿਹਾ ਕਿ ਇਸ ਦੁਖਦਾਈ ਤੇ ਵੱਡੀ ਤ੍ਰਾਸਦੀ ਨਾਲ ਪ੍ਰਭਾਵਿਤ ਹੋਏ ਲੱਖਾਂ ਲੋਕਾਂ ਦੀ ਸਹਾਇਤਾ ਲਈ ਸਮੁੱਚੀਆਂ ਸਮਾਜ ਸੇਵੀ ਸੰਸਥਾਵਾਂ ਦੇ ਵਲੰਟੀਅਰਾਂ ਨੂੰ ਪੂਰੀ ਸੁਹਿਰਦਤਾ ਤੇ ਸੇਵਾ ਭਾਵਨਾ ਦੇ ਨਾਲ ਅੱਗੇ ਅਉਣਾ ਚਾਹੀਦਾ ਹੈ ਤਾਂ ਜੋ ਸ਼ੁਰੂ ਹੋਏ ਰਾਹਤ ਕਾਰਜਾਂ ਵਿੱਚ ਤੇਜ਼ੀ ਲਿਆਂਦੀ ਜਾ ਸਕੇ। ਉਨ੍ਹਾਂ ਨੇ ਇਹ ਵੀ ਐਲਾਨ ਕੀਤਾ ਕਿ ਜੰਮੂ ਕਸ਼ਮੀਰ ਦੇ ਹੜ੍ਹਾਂ ਨਾਲ ਪ੍ਰਭਾਵਿਤ ਲੋਕਾਂ ਦੀ ਹਰ ਪੱਖੋਂ ਮਦਦ ਕਰਨ ਦੇ ਲਈ ਸ਼੍ਰੋਮਣੀ ਕਮੇਟੀ ਵੱਲੋਂ ਸ਼ੁਰੂ ਕੀਤੇ ਗਏ ਰਲੀਫ਼ ਫੰਡ ਵਿੱਚ ਆਪਣਾ ਉਚਿੱਤ ਯੋਗਦਾਨ ਪਾਉਣ ਦੇ ਮਨੋਰਥ ਨਾਲ ਸ਼੍ਰੋਮਣੀ ਕਮੇਟੀ ਦੇ ਸਮੂਹ ਮੁਲਾਜਮਾਂ ਆਪਣੀ ਦੋ ਦਿਨ ਦੀ ਬਣਦੀ ਤਨਖਾਹ ਇਸ ਰਲੀਫ਼ ਫੰਡ ਵਿਚ ਪਾਉਣਗੇ। ਅੱਜ ਦਫ਼ਤਰ ਸ਼੍ਰੋਮਣੀ ਸਮੇਂ ਦੌਰਾਨ ਦੇਸ਼ ਵਿੱਚ ਆਈਆਂ ਕੁਦਰਤੀ ਆਫ਼ਤਾਂ ਜਿਵੇਂ ਕਿ ਸੁਨਾਮੀ, ਗੁਜਰਾਤ ਵਿਚ ਆਏ ਭੂਚਾਲ, ਉੱਤਰਾ ਖੰਡ ਵਿਚ ਵਾਪਰੀ ਭਿਆਨਕ ਤ੍ਰਾਸਦੀ ਸ਼੍ਰੋਮਣੀ ਕਮੇਟੀ ਨੇ ਆਪਣਾ ਮੁਢਲਾ ਫਰਜ ਨਿਭਾਉਂਦਿਆਂ ਹੋਇਆਂ ਕੱਲ੍ਹ ਜਿੱਥੇ ਸਪਾਈਸ ਜੈੱਟ ਏਅਰ ਲਾਈਨਜ਼ ਤੇ ਹਵਾਈ ਜਹਾਜ ਰਾਹੀਂ ਵੱਡੀ ਰਾਹਤ ਰਾਹਤ ਸਮੱਗਰੀ ਵਜੋਂ ਭੇਜਿਆ ਗਿਆ ਹੈ। ਇਸ ਦੌਰਾਨ ਉਨ੍ਹਾਂ ਇਹ ਵੀ ਅਹਿਮ ਖੁਲਾਸਾ ਕੀਤਾ ਕਿ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਟਾਉਨ ਐਕਸਟੈਂਸ਼ਨ ਕਿ ਸ਼੍ਰੋਮਣੀ ਕਮੇਟੀ ਦੀ ਸ੍ਰੀਨਗਰ ਰਾਹਤ ਕਾਰਜਾਂ ਲਈ ਪਹੁੰਚੀ ਟੀਮ ਵੱਲੋਂ ਗੁਰਦੁਆਰਾ ਸ਼ਹੀਦਗੰਜ ਤੋਂ ਹੜ੍ਹ ਪੀੜ੍ਹਤਾਂ ਦੀ ਲੋੜ ਅਨੁਸਾਰ ਦਿੱਤੀ ਜਾਣਕਾਰੀ ਦੇ ਆਧਾਰ 'ਤੇ 11.09.2014 ਨੂੰ 5 ਹਜ਼ਾਰ ਸ਼ੁਧ ਪੀਣ ਵਾਲੇ ਪਾਣੀ ਦੀਆਂ ਬੋਤਲਾਂ, ਬੱਚਿਆਂ ਵਾਸਤੇ ਦੁੱਧ ਦੇ 200 ਪੈਕੇਟ, ਆਟਾ 10 ਕੁਇੰਟਲ, ਟੁਥ-ਬੁਰਸ਼, ਪੇਸਟਾਂ, ਬਿਸਕੁਟ ਪੈਕਟ, ਸਰ੍ਹੋਂ ਦਾ ਤੇਲ, ਮੋਮਬੱਤੀਆਂ ਤੇ ਮਾਚਿਸ ਡੱਬੀਆਂ 1 ਹਜ਼ਾਰ ਨਗ, ਚੱਪਲਾਂ 500 ਜੋੜੇ, ਸਾਬਣ 50 ਕਿਲੋ, ਪਜਾਮੇ, ਟੀ-ਸ਼ਰਟ ਤੇ ਤੋਲੀਏ 500 ਨਗ ਰਾਹਤ ਸਮੱਗਰੀ ਵਜੋਂ ਭੇਜੀ ਜਾਵੇਗੀ। ਉਨ੍ਹਾਂ ਅੱਗੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਅਰੰਭੇ ਗਏ ਸਮੁੱਚੇ ਰਾਹਤ ਕਾਰਜਾਂ ਦੀ ਦੇਖ-ਰੇਖ ਕਰਨ ਲਈ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਕੇਵਲ ਸਿੰਘ ਬਾਦਲ ਦੀ ਅਗਵਾਈ ਹੇਠ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ.ਕਰਨੈਲ ਸਿੰਘ ਪੰਜੋਲੀ, ਸ. ਨਿਰਮੈਲ ਸਿੰਘ ਜੋਲਾਂ, ਸ. ਮੋਹਨ ਸਿੰਘ ਬੰਗੀ ਤੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਦਲਮੇਘ ਸਿੰਘ ਸਮੇਤ 12 ਮੈਂਬਰਾਂ ਦੀ ਇਕ



